**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 24-06-2024**

ਨਵੀਂ ਦਿੱਲੀ ਵਿਚ ਨਵੇਂ ਸੰਸਦ ਭਵਨ ਵਿਚ 18ਵੀਂ ਲੋਕ ਸਭਾ ਦਾ ਪਹਿਲਾ ਸੈਸ਼ਨ ਅੱਜ ਨਵੇਂ ਚੁਣੇ ਗਏ ਲੋਕਸਭਾ ਮੈਂਬਰਾਂ ਵੱਲੋਂ ਸਦਨ ਦੇ ਮੈਂਬਰ ਵਜੋਂ ਸਹੁੰ ਚੁੱਕਣ ਨਾਲ ਸ਼ੁਰੂ ਹੋਇਆ। ਲੋਕ ਸਭਾ ਦੇ ਨੇਤਾ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਭ ਤੋਂ ਪਹਿਲਾਂ ਸਦਨ ਦੇ ਮੈਂਬਰ ਵਜੋਂ ਸਹੁੰ ਚੁੱਕੀ। ਪ੍ਰੋ-ਟੈਮ ਸਪੀਕਰ ਭਰਤਰੁਹਰੀ ਮਹਿਤਾਬ ਨੇ ਸ੍ਰੀ ਮੋਦੀ ਨੂੰ ਸਹੁੰ ਚੁਕਾਈ। ਇਸ ਤੋਂ ਬਾਅਦ ਸ੍ਰੀ ਮਹਿਤਾਬ ਨੂੰ ਸਪੀਕਰ ਦੀ ਚੋਣ ਤੱਕ ਲੋਕ ਸਭਾ ਦੀ ਕਾਰਵਾਈ ਚਲਾਉਣ ਵਿੱਚ ਸਹਾਇਤਾ ਕਰਨ ਲਈ ਨਿਯੁਕਤ ਕੀਤੇ ਗਏ ਚੇਅਰਪਰਸਨ ਦੇ ਪੈਨਲ ਦੀ ਸਹੁੰ ਚੁਕਾਈ ਗਈ। ਭਾਜਪਾ ਦੇ ਸੰਸਦ ਮੈਂਬਰਾਂ ਰਾਧਾ ਮੋਹਨ ਸਿੰਘ ਅਤੇ ਫੱਗਣ ਸਿੰਘ ਕੁਲਸਤੇ ਨੇ ਚੇਅਰਮੈਨ ਪੈਨਲ ਦੇ ਮੈਂਬਰਾਂ ਵਜੋਂ ਸਹੁੰ ਚੁੱਕੀ। ਨਵੀਂ ਲੋਕ ਸਭਾ ਦੇ ਸਪੀਕਰ ਦੀ ਚੋਣ 26 ਜੂਨ ਨੂੰ ਹੋਵੇਗੀ ਜਦਕਿ ਰਾਸ਼ਟਰਪਤੀ ਦ੍ਰੋਪਦੀ

ਮੁਰਮੂ 27 ਜੂਨ ਨੂੰ ਸੰਸਦ ਦੇ ਦੋਵਾਂ ਸਦਨਾਂ ਦੀ ਸਾਂਝੀ ਬੈਠਕ ਨੂੰ ਸੰਬੋਧਨ ਕਰਨਗੇ। ਰਾਜ ਸਭਾ ਦਾ ਸੈਸ਼ਨ ਵੀ 27 ਜੂਨ ਨੂੰ ਸ਼ੁਰੂ ਹੋਵੇਗਾ। ਸੰਸਦ ਦਾ ਸੈਸ਼ਨ 3 ਜੁਲਾਈ ਨੂੰ ਸਮਾਪਤ ਹੋਵੇਗਾ।

-------------------------------------------------------

NEET-UG ਪ੍ਰੀਖਿਆ ਦੇ ਪ੍ਰਸ਼ਨ ਪੱਤਰ ਲੀਕ ਮਾਮਲੇ ਵਿੱਚ ਬਿਹਾਰ ਪੁਲਿਸ ਨੇ 13 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਏ। ਪੁਲਿਸ ਦੇ ਆਰਥਿਕ ਅਪਰਾਧ ਵਿੰਗ ਨੇ ਕਿਹਾ ਏ ਕਿ NEET-UG ਪ੍ਰੀਖਿਆ ਦਾ ਪ੍ਰਸ਼ਨ ਪੱਤਰ ਹਜ਼ਾਰੀਬਾਗ ਝਾਰਖੰਡ ਦੇ ਇੱਕ ਪੇਸ਼ੇਵਰ ਗਰੋਹ ਨੇ ਲੀਕ ਕੀਤਾ ਸੀ। ਇਸ ਦੌਰਾਨ ਨੈਸ਼ਨਲ ਟੈਸਟਿੰਗ ਏਜੰਸੀ-ਐਨ ਟੀ ਏ ਦੇ ਡਾਇਰੈਕਟਰ ਜਨਰਲ ਸੁਬੋਧ ਕੁਮਾਰ ਸਿੰਘ ਨੂੰ ਅਹੁਦੇ ਤੋਂ ਹਟਾ ਦਿੱਤਾ ਗਿਆ ਏ। ਇੰਡੀਅਨ ਟਰੇਡ ਪ੍ਰਮੋਸ਼ਨ ਆਰਗੇਨਾਈਜ਼ੇਸ਼ਨ ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਪ੍ਰਦੀਪ ਸਿੰਘ ਖਰੋਲਾ ਨੂੰ ਡਾਇਰੈਕਟਰ ਜਨਰਲ ਦਾ ਵਾਧੂ ਚਾਰਜ ਦਿੱਤਾ ਗਿਆ ਏ। ਇਸ ਸਾਲ ਦੀ ਪ੍ਰੀਖਿਆ ਵਿੱਚ ਜ਼ੀਰੋ ਅੰਕ ਪ੍ਰਾਪਤ ਕਰਨ ਵਾਲੇ ਇੱਕ ਹਜ਼ਾਰ 563 ਵਿਦਿਆਰਥੀਆਂ ਦੀ ਕੱਲ੍ਹ ਮੁੜ ਪ੍ਰੀਖਿਆ ਹੋਈ। ਜਿਸ

ਵਿੱਚ ਸਿਰਫ਼ 813 ਉਮੀਦਵਾਰ ਪ੍ਰੀਖਿਆ ਵਿੱਚ ਬੈਠੇ ਸਨ ਅਤੇ ਸਾਢੇ ਸੱਤ ਸੌ ਉਮੀਦਵਾਰ ਗੈਰ ਹਾਜ਼ਰ ਰਹੇ।

---------------------------------------------------

ਦੇਸ਼ ਵਿਚ ਵਿਚ ਆਜ਼ਾਦੀ ਤੋਂ ਪਹਿਲਾਂ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਦੀ ਲੋੜ ਮੁਤਾਬਿਕ ਬਣਾਏ ਗਏ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ। ਮੋਗਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਐਡਵੋਕੇਟ ਸਤਨਾਮ ਕੌਰ ਦਾ ਇਨਾਂ ਕਾਨੂੰਨਾਂ ਬਾਰੇ ਕਹਿਣਾ ਏ।

---------------------------------------------------

ਯੂ ਆਈ ਡੀ ਏ ਆਈ ਨੇ ਆਮ ਲੋਕਾਂ ਦੀ ਸਹੂਲਤ ਲਈ ਬਿਨਾ ਕਿਸੇ ਚਾਰਜ ਦੇ ਆਧਾਰ ਕਾਰਡ ਅਪਡੇਟ ਦੀ ਤਰੀਕ ਵਧਾ ਕੇ 14 ਸਤੰਬਰ ਕਰ ਦਿੱਤੀ ਏ। ਇਕ ਸਰਕਾਰੀ ਬੁਲਾਰੇ ਨੇ ਚੰਡੀਗੜ੍ਹ ਵਿਚ ਦਸਿਆ ਕਿ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਵਿਚ ਆਧਾਰ ਕਾਰਡ ਸੱਭ ਤੋਂ ਅਹਿਮ ਦਸਤਾਵੇਜ ਏ ਅਤੇ 10 ਸਾਲ ਪੁਰਾਣੇ ਆਧਾਰ ਕਾਰਡ ਨੂੰ ਅਪਡੇਟ ਕਰਨਾ ਜਰੂਰੀ ਏ। ਪਹਿਲਾਂ 14 ਜੂਨ ਤਕ ਫਰੀ ਵਿਚ ਆਧਾਰ

ਅਪਡੇਟ ਕੀਤਾ ਜਾ ਸਕਦਾ ਸੀ ਜਿਸ ਨੂੰ ਹੁਣ ਤਿੰਨ ਮਹੀਨੇ ਅੱਗੇ ਵਧਾਉਂਦੇ ਹੋਏ ਆਧਾਰ ਕਾਰਡ ਨੂੰ ਅਪਡੇਟ ਕਰਨ ਦੀ ਮਿੱਤੀ 14 ਸਤੰਬਰ ਤਕ ਕਰ ਦਿੱਤੀ ਗਈ ਏ । ਨਾਗਰਿਕ ਖੁਦ ਵੀ uidai.gov.in/ ਵੈਬਸਾਇਟ 'ਤੇ ਜਾ ਕੇ ਆਪਣਾ ਆਧਾਰ ਕਾਰਡ ਅਪਡੇਟ ਕਰ ਸਕਦੇ ਨੇ । ਇਸ ਤੋਂ ਇਲਾਵਾ ਕਿਸੇ ਵੀ ਸੀ ਐਸ ਸੀ ਤੇ ਆਧਾਰ ਸੈਂਟਰ 'ਤੇ ਜਾ ਕੇ ਕਰਵਾਇਆ ਜਾ ਸਕਦਾ ਏ । ਬੁਲਾਰੇ ਨੇ ਅਪੀਲ ਕੀਤੀ ਏ ਕਿ ਜਿਨ੍ਹਾਂ ਵਿਅਕਤੀਆਂ ਨੇ ਪਿਛਲੇ 10 ਸਾਲਾਂ ਵਿਚ ਆਧਾਰ ਕਾਰਡ ਨੂੰ ਅਪਡੇਟ ਨਹੀਂ ਕਰਾਇਆ ਏ, ਉਹ ਸਮਾਂ ਰਹਿੰਦਿਆਂ ਅਪਡੇਸ਼ਨ ਜਰੂਰ ਕਰਵਾ ਲੈਣ ਤਾਂ ਜੋ ਉਨ੍ਹਾਂ ਨੂੰ ਭਵਿੱਖ ਵਿਚ ਸਰਕਾਰੀ ਯੋਜਨਾਵਾਂ ਦਾ ਲਾਭ ਦੇਣ ਤੇ ਹੋਰ ਕਿਸੇ ਸਬੰਧ ਵਿਚ ਪਰੇਸ਼ਾਨੀ ਤੇ ਸਮਸਿਆ ਦਾ ਸਾਹਮਣਾ ਨਾ ਕਰਨਾ ਪਵੇ ।

-------------------------------------------------------

ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਹੇਠ ਪਟਿਆਲਾ ਜ਼ਿਲ੍ਹੇ ਦੇ ਵਸਨੀਕਾਂ ਨੂੰ ਮੁਹਿੰਮ ਦਾ ਹਿੱਸਾ ਬਣਾਉਣ ਲਈ ਪਟਿਆਲਾ ਰੇਂਜ ਦੇ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਤੇ ਐਸ.ਐਸ.ਪੀ ਵਰੁਣ ਸ਼ਰਮਾ

ਵੱਲੋਂ ਕਲ ਪੁਲਿਸ ਲਾਈਨ ਪਟਿਆਲਾ ਤੋਂ 'ਮਿਸ਼ਨ ਸਹਿਯੋਗ' ਦੀ ਸ਼ੁਰੂਆਤ ਕੀਤੀ ਗਈ । ਇਸ ਮੌਕੇ ਪਟਿਆਲਾ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਪਤਵੰਤਿਆਂ ਨੇ ਉੱਚ ਪੁਲਿਸ ਅਧਿਕਾਰੀਆਂ ਨਾਲ ਬੈਠਕ ਕਰਕੇ ਜ਼ਿਲ੍ਹੇ 'ਚੋਂ ਨਸ਼ਿਆਂ ਦਾ ਮੁਕੰਮਲ ਸਫਾਇਆ ਕਰਨ ਦਾ ਅਹਿਦ ਲਿਆ। ਮੀਟਿੰਗ ਦੌਰਾਨ ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਖ਼ਤ ਕਾਰਵਾਈ ਦੇ ਨਾਲ ਨਾਲ ਜਾਗਰੂਕਤਾ ਮੁਹਿੰਮ ਵੀ ਜ਼ਰੂਰੀ ਏ, ਤੇ ਇਸ ਮਕਸਦ ਨਾਲ ਹੀ ਜ਼ਿਲ੍ਹੇ ਵਿਚ ਕਾਸੋ ਅਭਿਆਨ ਦੇ ਨਾਲ ਨਾਲ 'ਮਿਸ਼ਨ ਸਹਿਯੋਗ' ਦੀ ਵੀ ਸ਼ੁਰੂਆਤ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਹਰੇਕ 15 ਦਿਨਾਂ ਬਾਅਦ ਜ਼ਿਲ੍ਹਾ ਪੱਧਰੀ ਮੀਟਿੰਗ ਕਰਕੇ ਪਹਿਲੀ ਮੀਟਿੰਗ ਦੌਰਾਨ ਮਿਲੇ ਸੁਝਾਵਾਂ 'ਤੇ ਕੀਤੀ ਕਾਰਵਾਈ ਨੂੰ ਵਿਚਾਰਿਆ ਜਾਇਆ ਕਰੇਗਾ।